# ਆਕਾਸ਼ਵਾਣੀ ਜਲੰਧਰ

# ਪ੍ਰਾਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ :17-05-2026**

ਪੰਜਾਬ ਵਿੱਚ ਅੱਠ ਨਗਰ ਨਿਗਮਾਂ, 76 ਨਗਰ ਕੌਂਸਲਾਂ ਅਤੇ 21 ਨਗਰ ਪੰਚਾਇਤਾਂ ਸਮੇਤ 105 ਸਥਾਨਕ ਸੰਸਥਾਵਾਂ ਲਈ ਚੋਣਾਂ 26 ਮਈ ਨੂੰ ਹੋਣਗੀਆਂ। ਬੀਤੇ ਦਿਨੀਂ ਪੰਜਾਬ ਰਾਜ ਚੋਣ ਕਮਿਸ਼ਨ ਵੱਲੋਂ ਇਨ੍ਹਾਂ ਚੋਣਾਂ ਦਾ ਐਲਾਨ ਕੀਤਾ ਗਿਆ ਸੀ। ਚੋਣਾਂ ਲੜਨ ਵਾਲੇ ਉਮੀਦਵਾਰਾਂ ਦੀ ਨਾਮਜ਼ਦਗੀ ਪ੍ਰਕਿਰਿਆ ਕੱਲ੍ਹ ਖ਼ਤਮ ਹੋ ਗਈ ਏ। ਨਾਮਜ਼ਦਗੀ ਪੱਤਰਾਂ ਦੀ ਪੜਤਾਲ 18 ਮਈ ਨੂੰ ਹੋਵੇਗੀ, ਜਦੋਂ ਕਿ ਨਾਮਜ਼ਦਗੀਆਂ ਵਾਪਸ ਲੈਣ ਦੀ ਆਖਰੀ ਤਰੀਕ 19 ਮਈ ਏ। ਕਮਿਸ਼ਨ ਨੇ ਚੋਣਾਂ ਨੂੰ ਨਿਰਪੱਖ, ਸੁਤੰਤਰ ਅਤੇ ਸ਼ਾਂਤੀਪੂਰਨ ਢੰਗ ਨਾਲ ਕਰਵਾਉਣ ਲਈ ਸੂਬੇ ਦੇ 23 ਜ਼ਿਲ੍ਹਿਆਂ ਵਿੱਚ IAS ਤੇ ਸੀਨੀਅਰ PCS ਅਧਿਕਾਰੀਆਂ ਨੂੰ ਨਿਗਰਾਨ ਨਿਯੁਕਤ ਕੀਤਾ ਏ।

--------------------------------------------------

ਪਿਛਲੇ ਮਹੀਨੇ ਦੀ 27 ਤਰੀਕ ਨੂੰ ਗੁਰਦਾਸਪੁਰ ਵਿੱਚ ਇੱਕ ਦੁਕਾਨ ਨੇੜੇ ਸੁੱਟੇ ਗਏ ਇੱਕ ਹੈਂਡ ਗ੍ਰਨੇਡ ਦੀ ਬਰਾਮਦਗੀ ਨਾਲ ਸਬੰਧਤ ਇੱਕ ਮਾਮਲੇ ਵਿੱਚ, ਗੁਰਦਾਸਪੁਰ ਪੁਲਿਸ ਨੇ ਕਾਊਂਟਰ ਇੰਟੈਲੀਜੈਂਸ ਵਿੰਗ ਦੇ ਤਾਲਮੇਲ ਨਾਲ, ਕੱਲ੍ਹ ਉਸ ਵਿਅਕਤੀ ਦੀ ਪਛਾਣ ਕਰਕੇ ਉਸ ਦੇ ਦੋ ਹੋਰ ਸਾਥੀਆਂ ਸਮੇਤ ਉਸਨੂੰ  ਗ੍ਰਿਫ਼ਤਾਰ ਕਰ ਲਿਆ ਏ। ਪੰਜਾਬ ਦੇ ਡੀਜੀਪੀ ਗੌਰਵ ਯਾਦਵ ਨੇ ਇੱਕ ਸੋਸ਼ਲ ਮੀਡੀਆ ਪੋਸਟ ਵਿੱਚ ਕਿਹਾ ਏ ਕਿ ਮੁੱਢਲੀ ਜਾਂਚ ਦੌਰਾਨ ਇੱਕ ਦੋਸ਼ੀ ਦੇ ਘਰੋਂ ਇੱਕ ਹੋਰ ਹੈਂਡ ਗ੍ਰਨੇਡ ਵੀ ਬਰਾਮਦ ਹੋਇਆ ਏ । ਉਨ੍ਹਾਂ ਕਿਹਾ ਕਿ ਤਿੰਨੋਂ ਦੋਸ਼ੀ ਇੱਕ ਵਿਦੇਸ਼ੀ ਹੈਂਡਲਰ ਦੇ ਨਿਰਦੇਸ਼ਾਂ 'ਤੇ ਕੰਮ ਕਰ ਰਹੇ ਸਨ ਅਤੇ ਉਨ੍ਹਾਂ ਨੂੰ ਉਸ ਤੋਂ ਦੋ ਹੈਂਡ ਗ੍ਰਨੇਡ ਮਿਲੇ ਨੇ. ਹੋਰ ਜਾਂਚ ਜਾਰੀ ਏ।

--------------------------------------------------

ਹੁਸ਼ਿਆਰਪੁਰ, ਦੇ ਪਿੰਡ ਚੱਕ ਸਮਾਣਾ ਵਿੱਚ ਹਾਲ ਹੀ ਵਿੱਚ, ਇੱਕ ਬੱਚੇ ਦੇ ਬੋਰਵੈੱਲ ਵਿੱਚ ਡਿੱਗਣ ਦੀ ਘਟਨਾ ਦੇ ਮੱਦੇਨਜ਼ਰ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਕਲ੍ਹ ਜ਼ਿਲ੍ਹੇ ਭਰ ਵਿੱਚ ਸਾਰੇ ਖੁੱਲ੍ਹੇ ਅਤੇ ਛੱਡੇ ਹੋਏ ਬੋਰਵੈੱਲਾਂ ਦੀ ਤੁਰੰਤ ਜਾਂਚ ਅਤੇ ਸੀਲਿੰਗ ਦੇ ਸਖ਼ਤ ਹੁਕਮ ਜਾਰੀ ਕੀਤੇ। ਡਿਪਟੀ ਕਮਿਸ਼ਨਰ ਨੇ ਹੁਕਮ ਦਿੱਤਾ ਕਿ ਪਿੰਡ ਅਤੇ ਸ਼ਹਿਰੀ ਖੇਤਰਾਂ

ਵਿੱਚ ਵਿਸਥਾਰ ਪੂਰਨ ਸਰਵੇਖਣ ਸੱਤ ਦਿਨਾਂ ਅੰਦਰ ਪੂਰਾ ਕੀਤਾ ਜਾਵੇ । ਉਨ੍ਹਾਂ ਨੇ ਸਪਸ਼ਟ ਕੀਤਾ ਕਿ ਕਿਸੇ ਵੀ ਹਾਲਤ ਵਿੱਚ ਕੋਈ ਵੀ ਖੁੱਲ੍ਹਾ ਬੋਰਵੈੱਲ ਬਿਨਾਂ ਢੱਕੇ ਨਹੀਂ ਰਹਿਣਾ ਚਾਹੀਦਾ, ਕਿਉਂਕਿ ਇਹ ਮਨੁੱਖੀ ਜੀਵਨ, ਖ਼ਾਸ ਕਰਕੇ ਬੱਚਿਆਂ ਲਈ ਗੰਭੀਰ ਖ਼ਤਰਾ ਨੇ. ਜਾਰੀ ਹੁਕਮਾਂ ਵਿੱਚ ਡੀਸੀ ਨੇ ਕਿਹਾ ਕਿ ਸਾਰੇ ਐਸਡੀਐਮ, ਤਹਿਸੀਲਦਾਰ, ਬੀਡੀਓ, ਨਗਰ ਨਿਗਮਾਂ, ਨਗਰ ਕੌਂਸਲਾਂ ਅਤੇ ਹੋਰ ਵਿਭਾਗ ਆਪਣੇ-ਆਪਣੇ ਖੇਤਰਾਂ ਵਿੱਚ ਖੁੱਲ੍ਹੇ, ਅਣਵਰਤੇ ਅਤੇ ਤਿਆਗੇ ਹੋਏ ਬੋਰਵੈੱਲਾਂ ਦੀ ਸਾਂਝੀ ਜਾਂਚ ਕਰਨ। ਸਾਰੇ ਵਿਭਾਗਾਂ ਨੂੰ ਸੱਤ ਦਿਨਾਂ ਅੰਦਰ ਹੁਕਮਾਂ ਦੀ ਪਾਲਣਾ ਦੀ ਰਿਪੋਰਟ ਜਮ੍ਹਾਂ ਕਰਵਾਉਣ ਦੇ ਹੁਕਮ ਦਿੱਤੇ ਗਏ ਨੇ. ਡੀਸੀ ਨੇ ਚੇਤਾਵਨੀ ਦਿੱਤੀ ਕਿ ਲਾਪਰਵਾਹੀ ਕਰਨ ਵਾਲਿਆਂ ਖ਼ਿਲਾਫ਼ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ ਅਤੇ ਸੁਪਰੀਮ ਕੋਰਟ ਤੇ ਐਨਡੀਆਰਐਫ ਦੇ ਨਿਰਦੇਸ਼ਾਂ ਮੁਤਾਬਿਕ ਖੁੱਲ੍ਹੇ ਬੋਰਵੈੱਲਾਂ ਨੂੰ ਢੱਕਣਾ ਲਾਜ਼ਮੀ ਏ ।

---------------------------------------------------

ਅੱਜ ਵਿਸ਼ਵ ਹਾਈਪਰਟੈਨਸ਼ਨ ਭਾਵ ਬ੍ਲਡ ਪ੍ਰੈਸ਼ਰ ਦਿਵਸ ਏ । ਇਸਦਾ ਉਦੇਸ਼ ਵਿਸ਼ਵਵਿਆਪੀ ਜਾਗਰੂਕਤਾ, ਰੋਕਥਾਮ, ਖੋਜ ਅਤੇ ਹਾਈ ਬਲੱਡ ਪ੍ਰੈਸ਼ਰ ਦੇ ਨਿਯੰਤਰਣ ਨੂੰ ਉਤਸ਼ਾਹਿਤ ਕਰਨਾ ਏ । ਇਸ ਸਾਲ ਦਾ ਵਿਸ਼ਾ

ਏ "ਹਾਈਪਰਟੈਨਸ਼ਨ ਨੂੰ ਰਲ ਕੇ ਕਾਬੂ ਕਰੀਏ: ਨਿਯਮਿਤ ਤੌਰ 'ਤੇ ਆਪਣੇ ਬਲੱਡ ਪ੍ਰੈਸ਼ਰ ਦੀ ਜਾਂਚ ਕਰੋ ਅਤੇ ਇਸ ਬੀਮਾਰੀ ਨੂੰ ਹਰਾਓ।"

-------------------------------------------------------

ਸਿਹਤ ਵਿਭਾਗ, ਕੇਂਦਰ ਸ਼ਾਸਤ ਪ੍ਰਦੇਸ਼ . ਚੰਡੀਗੜ੍ਹ ਦੇ ਮਲੇਰੀਆ ਵਿੰਗ ਨੇ ਕਲ੍ਹ ਰਾਸ਼ਟਰੀ ਡੇਂਗੂ ਦਿਵਸ-2026 ਮਨਾਇਆ। ਇਸ ਵਰ੍ਹੇ ਦਾ ਵਿਸ਼ਾ "ਡੇਂਗੂ ਕੰਟਰੋਲ ਲਈ ਭਾਈਚਾਰਿਕ ਹਿੱਸੇਦਾਰੀ: ਜਾਂਚ ਕਰੋ, ਸਫ਼ਾਈ ਕਰੋ ਅਤੇ ਢਕੋ" ਰੱਖਿਆ ਗਿਆ ਏ ।ਇਸ ਤਹਿਤ ਸ਼ਹਿਰ ਭਰ ਵਿੱਚ ਕਈ ਗਤੀਵਿਧੀਆਂ ਕਰਾਈਆਂ ਗਈਆਂ ਜਿਹਨਾਂ ਵਿਚ ਡੇਂਗੂ ਦੀ ਰੋਕਥਾਮ ਅਤੇ ਇਸ 'ਤੇ ਕੰਟ੍ਰੋਲ ਲਈ ਸਹੁੰ ਚੁਕਾਉਣ, ਜਾਗਰੂਕਤਾ ਰੈਲੀਆਂ, ਜਾਗਰੂਕਤਾ ਭਾਸ਼ਣ, ਘਰ-ਘਰ ਸਰਵੇਖਣ ਤੇ ਵਾਤਾਵਰਣ ਨਿਯੰਤਰਣ ਉਪਾਵਾਂ ਦਾ ਪ੍ਰਚਾਰ ਆਦਿ ਸ਼ਾਮਿਲ ਨੇ.

-------------------------------------------------------

ਭਾਸ਼ਾ ਵਿਭਾਗ ਪੰਜਾਬ ਵੱਲੋਂ ਆਪਣੇ ਮੁੱਖ ਦਫ਼ਤਰ ਵਿਖੇ ਮਹਾਨ ਪੰਜਾਬੀ ਸਪੂਤ ਸ੍ਰੀ ਬਲਰਾਜ ਸਾਹਨੀ ਯਾਦਗਾਰੀ ਸਮਾਗਮ ਕਰਾਇਆ ਗਿਆ. ਬੇਹਦ ਭਾਵਪੂਰਨ ਅੰਦਾਜ਼ ਵਿੱਚ ਕਰਾਏ ਗਏ ਇਸ ਸਮਾਗਮ ਵਿੱਚ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਸਾਬਕਾ ਡੀਨ ਡਾ. ਰਾਜਿੰਦਰਪਾਲ ਸਿੰਘ ਬਰਾੜ ਨੇ ਉਹਨਾਂ ਦੀ ਪੰਜਾਬੀ ਸਾਹਿਤ ਨੂੰ ਦੇਣ

ਬਾਰੇ ਵਿਸ਼ੇਸ਼ ਭਾਸ਼ਣ ਰਾਹੀਂ ਚਾਨਣਾ ਪਾਇਆ. ਉੱਘੇ ਫਿਲਮਸਾਜ਼ ਡਾ. ਹਰਜੀਤ ਸਿੰਘ ਨੇ ‘ਇੱਕ ਸਫ਼ਰ ਇੱਕ ਦਾਸਤਾਨ’ ਸਿਰਲੇਖ ਹੇਠ ਬਣਾਈ ਦਸਤਾਵੇਜ਼ੀ ਫਿਲਮ ਰਾਹੀਂ ਬਲਰਾਜ ਸਾਹਨੀ ਦੇ ਪੰਜਾਬ ਪ੍ਰਤੀ ਮੋਹ, ਕਲਾ ਦੀ ਸਮਾਜ ਲਈ ਭੂਮਿਕਾ ਅਤੇ ਹੋਰਨਾਂ ਪਹਿਲੂਆਂ ਬਾਰੇ ਚਾਨਣਾ ਪਾਇਆ। ਇਸ ਮੌਕੇ ਫਿਲਮ ਦੇ ਨਿਰਮਾਣ ਨਾਲ ਜੁੜੇ ਮੈਂਬਰਾਂ ਤੋਂ ਇਲਾਵਾ ਵੱਡੀ ਗਿਣਤੀ ’ਚ ਸਾਹਿਤਕਾਰ, ਰੰਗਕਰਮੀ ਤੇ ਸਾਹਿਤ ਰਸੀਏ ਹਾਜ਼ਰ ਸਨ। ਡਾਇਰੈਕਟਰ ਭਾਸ਼ਾਵਾਂ, ਜਸਵੰਤ ਸਿੰਘ ਜ਼ਫ਼ਰ ਨੇ ਆਪਣੇ ਸਵਾਗਤੀ ਭਾਸ਼ਣ ਦੌਰਾਨ ਕਿਹਾ ਕਿ ਬਲਰਾਜ ਸਾਹਨੀ ਇੱਕ ਧਰਮ ਨਿਰਪੱਖ ਸ਼ਖ਼ਸੀਅਤ ਸਨ ਜਿਹਨਾਂ ਨੇ ਆਪਣੀਆਂ ਸਾਹਿਤਕ ਤੇ ਫਿਲਮੀ ਕ੍ਰਿਤਾਂ ਰਾਹੀਂ ਹਮੇਸ਼ਾਂ ਸਾਂਝੀਵਾਲਤਾ, ਭਾਈਚਾਰਕ ਇੱਕਸੁਰਤਾ ਅਤੇ ਸਮਾਜਿਕ ਨਿਆਂ ਦਾ ਹੋਕਾ ਦਿੱਤਾ।

-----------------------------------------------------------------------

ਮੌਸਮ ਵਿਭਾਗ ਨੇ ਪੰਜਾਬ ਅਤੇ ਹਰਿਆਣਾ ਵਿੱਚ ਕਈ ਥਾਵਾਂ ਤੇ 22 ਜੂਨ ਤੱਕ ਵੱਧ ਤੋਂ ਵੱਧ ਤਾਪਮਾਨ ਵਿੱਚ 4 ਤੋਂ 5 ਡਿਗਰੀ ਸੈਲਸੀਅਸ ਦਾ ਵਾਧਾ ਹੋਣ ਨਾਲ ਗਰਮੀ ਪੈਣ ਦਾ yellow ਅਲਰਟ ਜਾਰੀ ਕਰਦਿਆਂ, ਲੋਕ ਨੂੰ ਇਸ ਤੋਂ ਬਚਾਅ ਕਰਨ ਦੀ ਅਪੀਲ ਕੀਤੀ ਏ। ਮੌਸਮ ਵਿਭਾਗ ਵੱਲੋਂ ਜਾਰੀ ਵੇਰਵਿਆਂ ਮੁਤਾਬਿਕ ਅੱਜ ਤੋਂ 22 ਮਈ ਤੱਕ ਇਹਨਾਂ ਦੋਵਾਂ

ਸੂਬਿਆਂ ਸਮੇਤ ਚੰਡੀਗੜ੍ਹ ਵਿੱਚ ਤਾਪਮਾਨ ਵਧੇਗਾ। ਪੰਜਾਬ ਵਿੱਚ ਗਰਮੀ ਨਾਲ ਪ੍ਰਭਾਵਿਤ ਹੋਣ ਵਾਲੇ ਜ਼ਿਲਿਆਂ ਵਿੱਚ ਫਰੀਦਕੋਟ, ਫਾਜ਼ਿਲਕਾ, ਮੁਕਤਸਰ ਸਾਹਿਬ, ਮਾਨਸਾ, ਬਠਿੰਡਾ, ਗੁਰਦਾਸਪੁਰ ਅਤੇ ਫਿਰੋਜਪੁਰ ਮੁੱਖ ਤੌਰ 'ਤੇ ਸ਼ਾਮਿਲ ਨੇ।

---------------------------------------------------------------